# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 28-08-2024**

- ਕੇਂਦਰੀ ਮੰਤਰੀ ਮੰਡਲ ਨੇ ਰਾਸ਼ਟਰੀ ਉਦਯੋਗਿਕ ਗਲਿਆਰਾ ਵਿਕਾਸ ਪ੍ਰੋਗਰਾਮ ਤਹਿਤ 12 ਨਵੇਂ ਗ੍ਰੀਨਫੀਲਡ ਉਦਯੋਗਿਕ ਸਮਾਰਟ ਸ਼ਹਿਰਾਂ ਨੂੰ ਮਨਜ਼ੂਰੀ ਦਿੱਤੀ, ਪੰਜਾਬ ਵਿਚ ਰਾਜਪੁਰਾ-ਪਟਿਆਲਾ ਵਿਖੇ ਇਕ ਹਜ਼ਾਰ 99 ਏਕੜ ਰਕਬੇ ਦਾ ਵਿਕਾਸ ਹੋਵੇਗਾ।
- ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਪ੍ਰਧਾਨ ਮੰਤਰੀ ਜਨ ਧਨ ਯੋਜਨਾ ਨੂੰ ਲੋਕਾਂ ਦਾ ਵੱਡਾ ਹੁੰਗਾਰਾ ਮਿਲਿਆ ਏ ਤੇ ਇਸ ਵੇਲੇ ਸੂਬੇ ਵਿਚ 91 ਲੱਖ 81 ਹਜ਼ਾਰ ਤੋਂ ਵੱਧ ਜਨ ਧਨ ਖਾਤੇ ਮੌਜੂਦ ਨੇ।
- ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਂਟੀ ਨਾਰਕੋਟਿਕਸ ਟਾਸਕ ਫੋਰਸ ਦਾ ਨਵਾਂ ਦਫ਼ਤਰ

ਸਮਰਪਿਤ ਕੀਤਾ ਅਤੇ ਨਸ਼ਾ ਵਿਰੋਧੀ ਹੈਲਪਲਾਈਨ ਤੇ ਵਟਸਐਪ ਚੈਟਬੋਟ ਦੀ ਸ਼ੁਰੂਆਤ ਕੀਤੀ ।

- ਪ੍ਰਧਾਨ ਮੰਤਰੀ ਖੇਤੀਬਾੜੀ ਤੇ ਸਿੰਚਾਈ ਯੋਜਨਾ ਤਹਿਤ ਪਠਾਨਕੋਟ ਜ਼ਿਲੇ ਦੇ ਧਾਰ ਬਲਾਕ ਦੇ ਪਿੰਡਾਂ ਦੇ ਵਿਕਾਸ ਲਈ 1 ਕਰੋੜ 21 ਲੱਖ ਰੁਪਏ ਦੀ ਰਕਮ ਵੰਡੀ ਗਈ ।

-----------------------------------------------------

ਕੇਂਦਰੀ ਮੰਤਰੀ ਮੰਡਲ ਨੇ ਦੇਸ਼ ਦੇ ਉਦਯੋਗਿਕ ਦ੍ਰਿਸ਼ ਨੂੰ ਬਦਲਣ ਲਈ ਰਾਸ਼ਟਰੀ ਉਦਯੋਗਿਕ ਲਾਂਘਾ ਵਿਕਾਸ ਪ੍ਰੋਗਰਾਮ ਤਹਿਤ 12 ਨਵੇਂ ਗ੍ਰੀਨਫੀਲਡ ਉਦਯੋਗਿਕ ਸਮਾਰਟ ਸ਼ਹਿਰਾਂ ਨੂੰ ਮਨਜ਼ੂਰੀ ਦੇ ਦਿੱਤੀ ਏ । ਨਵੀਂ ਦਿੱਲੀ ਵਿੱਚ ਕੈਬਨਿਟ ਮੀਟਿੰਗ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਇਨ੍ਹਾਂ ਸਨਅਤੀ ਖੇਤਰਾਂ ਵਿੱਚ ਸੰਯੁਕਤ ਅਨੁਮਾਨਿਤ ਨਿਵੇਸ਼ 28 ਹਜ਼ਾਰ ਛੇ ਸੌ ਦੋ ਕਰੋੜ ਰੁਪਏ ਹੋਵੇਗਾ । ਉਨ੍ਹਾਂ ਕਿਹਾ, ਇਹ ਪ੍ਰੋਜੈਕਟ 10 ਲੱਖ ਸਿੱਧੀਆਂ ਅਤੇ 30 ਲੱਖ ਅਸਿੱਧੇ ਨੌਕਰੀਆਂ ਪੈਦਾ ਕਰਨਗੇ । ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਪੰਜਾਬ ਵਿਚ ਰਾਜਪੁਰਾ-ਪਟਿਆਲਾ ਉਦਯੋਗਿਕ

ਗਲਿਆਰਾ ਵਿਕਾਸ ਪ੍ਰੋਗਰਾਮ ਤਹਿਤ ਇਕ ਹਜ਼ਾਰ 99 ਏਕੜ ਰਕਬੇ ਦਾ ਵਿਕਾਸ ਹੋਵੇਗਾ ਅਤੇ ਇਸ ਤੇ ਇਕ ਹਜ਼ਾਰ 367 ਕਰੋੜ ਰੁਪੇ ਖਰਚ ਕੀਤੇ ਜਾਣਗੇ ਜਦਕਿ ਕੁਲ ਸਾਢੇ ਸੱਤ ਹਜ਼ਾਰ ਕਰੋੜ ਰੁਪੇ ਦੀ ਪੂੰਜੀਕਾਰੀ ਹੋਵੇਗੀ। ਇਸ ਨਾਲ ਇਲਾਕੇ ਵਿਚ 64 ਹਜ਼ਾਰ ਤੋਂ ਵੱਧ ਰੋਜਗਾਰ ਦੇ ਮੌਕੇ ਪੈਦਾ ਹੋਣਗੇ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਨ ਧਨ ਯੋਜਨਾ ਦੇ 10 ਸਾਲ ਪੂਰੇ ਹੋਣ 'ਤੇ ਲਾਭਪਾਤਰੀਆਂ ਅਤੇ ਯੋਜਨਾ ਨੂੰ ਸਫਲ ਬਣਾਉਣ 'ਚ ਯੋਗਦਾਨ ਪਾਉਣ ਵਾਲਿਆਂ ਨੂੰ ਵਧਾਈ ਤੇ ਸੁਭਕਾਮਨਾਵਾਂ ਦਿੱਤੀਆਂ ਨੇ । ਜ਼ਿਕਰਯੋਗ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 28 ਅਗਸਤ 2014 ਨੂੰ ਜਨ ਧਨ ਯੋਜਨਾ ਦੀ ਸ਼ੁਰੂਆਤ ਕੀਤੀ ਸੀ। ਇਸ ਯੋਜਨਾ ਤਹਿਤ ਹੁਣ ਤੱਕ 53 ਕਰੋੜ 13 ਲੱਖ ਬੈਂਕ ਖਾਤੇ ਖੋਲ੍ਹੇ ਜਾ ਚੁੱਕੇ ਨੇ। ਇਨ੍ਹਾਂ ਖਾਤਿਆਂ 'ਚ 2 ਇਸ਼ਾਰਿਆ 3 ਲੱਖ ਕਰੋੜ ਰੁਪਏ ਜਮ੍ਹਾ ਨੇ। ਸਰਕਾਰ ਨੇ ਚਾਲੂ ਮਾਲੀ ਸਾਲ 2024- 25 ਵਿੱਚ ਤਿੰਨ ਕਰੋੜ ਤੋਂ ਵੱਧ ਹੋਰ ਜਨ-ਧਨ ਖਾਤੇ ਖੋਲ੍ਹਣ ਦਾ ਟੀਚਾ ਰੱਖਿਆ ਏ। ਪ੍ਰਧਾਨ ਮੰਤਰੀ

ਨਰੇਂਦਰ ਮੋਦੀ ਨੇ ਐਕਸ 'ਤੇ ਲਿਖਿਆ, ''ਅੱਜ ਦੇਸ਼ ਲਈ ਇੱਕ ਇਤਿਹਾਸਕ ਦਿਨ ਏ। ਇਸ ਮੌਕੇ ਸਾਰੇ ਲਾਭਪਾਤਰੀਆਂ ਨੂੰ ਸ਼ੁਭਕਾਮਨਾਵਾਂ ।

---------------------------------------------------

ਭਾਰਤ ਸਰਕਾਰ ਦੀ ਪ੍ਰਧਾਨ ਮੰਤਰੀ ਜਨ ਧਨ ਯੋਜਨਾ ਦਾ ਉਦੇਸ਼ ਦੇਸ਼ ਦੇ ਗਰੀਬ ਲੋਕਾਂ ਨੂੰ ਬੈਂਕਿੰਗ ਪ੍ਰਣਾਲੀ ਨਾਲ ਜੋੜਨਾ ਸੀ । ਇਸ ਤਹਿਤ ਖਾਤਾ ਖੋਲ੍ਹਣ 'ਤੇ, ਲੋਕਾਂ ਨੂੰ ਆਪਣੇ ਖਾਤੇ ਵਿੱਚ ਘੱਟੋ-ਘੱਟ ਬੈਲੇਂਸ ਰੱਖਣ ਦੀ ਲੋੜ ਨਹੀਂ ਏ । ਇਸ ਦੇ ਨਾਲ ਹੀ, ਜਨ ਧਨ ਯੋਜਨਾ ਦੇ ਤਹਿਤ ਖਾਤਾ ਖੋਲ੍ਹਣ 'ਤੇ ਕਈ ਹੋਰ ਬੈਂਕਿੰਗ ਖਰਚਿਆਂ ਦਾ ਭੁਗਤਾਨ ਨਹੀਂ ਕਰਨਾ ਪੈਂਦਾ ਏ ।

***ਹੋਰ ਵੇਰਵੇ ਨਾਲ ਇਕ ਰਿਪੋਰਟ: ਡਿਸਪੈਚ: ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵੀ ਜਨ ਧਨ ਯੋਜਨਾ ਨੂੰ ਲੋਕਾਂ ਦਾ ਵੱਡਾ ਹੁੰਗਾਰਾ ਮਿਲਿਆ ਏ। ਇਸ ਵੇਲੇ ਸੂਬੇ ਵਿਚ 91 ਲੱਖ 81 ਹਜ਼ਾਰ ਤੋਂ ਵੱਧ ਜਨ ਧਨ ਖਾਤੇ ਮੌਜੂਦ ਨੇ। ਇਨਾਂ ਵਿਚ 51 ਲੱਖ 94 ਹਜ਼ਾਰ ਜਨ ਧਨ ਖਾਤੇ ਪੇਂਡੂ ਤੇ ਨੀਮ ਪੇਂਡੂ ਬੈਂਕ ਬ੍ਰਾਂਚਾਂ ਜਦਕਿ 39 ਲੱਖ 87 ਹਜ਼ਾਰ ਤੋਂ***

*ਵੱਧ ਲਾਭਪਾਤਰੀਆਂ ਦੇ ਖਾਤੇ ਸ਼ਹਿਰੀ ਤੇ ਮੈਟਰੋ ਸ਼ਹਿਰਾਂ ਦੀਆਂ ਬੈਂਕ ਬ੍ਰਾਂਚਾਂ ਵਿਚ ਮੌਜੂਦ ਨੇ। ਇਨਾਂ ਲਾਭਪਾਤਰੀਆਂ ਦੇ ਖਾਤੇ ਵਿਚ ਕੁਲ 4 ਹਜ਼ਾਰ 255 ਇਸ਼ਾਰਿਆ 45 ਕਰੋੜ ਰੁਪਏ ਜਮਾ ਨੇ। ਬੈਂਕਾਂ ਨੇ 65 ਲੱਖ 14 ਹਜ਼ਾਰ ਤੋਂ ਵੱਧ ਲਾਭਪਾਤਰੀਆਂ ਨੂੰ ਬੈਂਕ ਰੁਪਏ ਕਾਰਡ ਦਿੱਤੇ ਹੋਏ ਨੇ।ਪ੍ਰਧਾਨ ਮੰਤਰੀ ਜਨ-ਧਨ ਯੋਜਨਾ ਤਹਿਤ ਖਾਤਾ ਖੋਲ੍ਹਣ ਨਾਲ ਕਰਜ਼ਾ ਲੈਣ ਵਿੱਚ ਲਾਭ ਮਿਲਦਾ ਏ ਅਤੇ ਕਈ ਹੋਰ ਬੈਂਕਿੰਗ ਸਹੂਲਤਾਂ ਵੀ ਮਿਲਦੀਆਂ ਨੇ । ਇਕ ਲੱਖ ਰੁਪਏ ਦਾ ਦੁਰਘਟਨਾ ਬੀਮਾ ਇਸ ਵਿਚਸ਼ਾਮਲ ਏ । ਇਸ ਦੇ ਨਾਲ ਹੀ 10 ਹਜ਼ਾਰ ਰੁਪਏ ਦੇ ਓਵਰਡ੍ਰਾਫਟ ਦੀ ਸਹੂਲਤ ਵੀ ਦਿੱਤੀ ਜਾਂਦੀ ਏ । ਖਾਤਾ ਖੋਲ੍ਹਣ 'ਤੇ ਇੱਕ ਰੁਪੇ ਡੈਬਿਟ ਕਾਰਡ ਦਿੱਤਾ ਜਾਂਦਾ ਏ । ਜਿਸ 'ਤੇ ਕੋਈ ਚਾਰਜ ਨਹੀਂ ਦੇਣਾ ਪੈਂਦਾ । ਪ੍ਰਧਾਨ ਮੰਤਰੀ ਜਨ-ਧਨ ਯੋਜਨਾ ਤਹਿਤ ਡਾਕਘਰ ਜਾ ਕੇ ਵੀ ਜਾਂ ਆਨਲਾਈਨ ਵੀ ਖਾਤਾ ਖੋਲ੍ਹਿਆ ਜਾ ਸਕਦਾ ਏ ।ਸ਼ਿਸ਼ੂ ਸ਼ਰਮਾ ਸ਼ੰਤਾਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

-------------------------------------------------------

ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਆਪਣੀ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਂਟੀ ਨਾਰਕੋਟਿਕਸ ਟਾਸਕ ਫੋਰਸ ਏ.ਐਨ.ਟੀ.ਐਫ. ਦਾ ਨਵਾਂ ਦਫ਼ਤਰ ਲੋਕਾਂ ਨੂੰ ਸਮਰਪਿਤ ਕੀਤਾ ਅਤੇ ਨਸ਼ਾ ਵਿਰੋਧੀ ਹੈਲਪਲਾਈਨ ਤੇ ਵਟਸਐਪ ਚੈਟਬੋਟ 97791-00200 ਦੀ ਸ਼ੁਰੂਆਤ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਇਹ ਹੈਲਪਲਾਈਨ ਆਮ ਨਾਗਰਿਕਾਂ ਅਤੇ ਨਸ਼ਾ ਪੀੜਤਾਂ ਨੂੰ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦੇਣ ਦਾ ਮੌਕਾ ਪ੍ਰਦਾਨ ਕਰੇਗੀ ਅਤੇ ਨਸ਼ਾ ਛੱਡਣ ਦੇ ਇਰਾਦੇ ਵਾਲੇ ਪੀੜਤਾਂ ਲਈ ਡਾਕਟਰੀ ਸਹਾਇਤਾ ਯਕੀਨੀ ਬਣਾਏਗੀ। ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਇਸ ਨਾਲ ਜ਼ਮੀਨੀ ਪੱਧਰ 'ਤੇ ਨਸ਼ਿਆਂ ਦੀ ਤਸਕਰੀ ਰੋਕਣ ਅਤੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਦੀ ਪਛਾਣ ਕਰਨ ਵਿੱਚ ਮਦਦ ਮਿਲੇਗੀ ਅਤੇ ਸੂਚਨਾ ਦੇਣ ਵਾਲੇ ਦੀ ਪਛਾਣ ਗੁਪਤ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਟਾਸਕ ਫੋਰਸ ਸਿਰਫ਼ ਨਵੀਂ ਬੋਤਲ ਵਿਚ ਪੁਰਾਣੀ ਸ਼ਰਾਬ ਹੀ

ਨਹੀਂ, ਸਗੋਂ ਇਸ ਨਵੀਂ ਵਿਸ਼ੇਸ਼ ਫੋਰਸ ਨੂੰ ਨਸ਼ਿਆਂ ਦੀ ਅਲਾਮਤ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਵਾਧੂ ਮੁਲਾਜ਼ਮ, ਸਾਧਨਾਂ ਅਤੇ ਤਕਨਾਲੋਜੀ ਨਾਲ ਲੈਸ ਕੀਤਾ ਗਿਆ ਏ।

---------------------------------------------------------

ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ, ਸੜਕ ਹਾਦਸਿਆਂ ਨੂੰ ਠੱਲ੍ਹ ਪਾ ਕੇ ਮੌਤ ਦਰ ਘਟਾਉਣ, ਟਰਾਂਸਪੋਰਟ ਵਿਭਾਗ ਵਿੱਚ ਜਨਤਕ ਸੇਵਾਵਾਂ ਨੂੰ ਆਸਾਨ ਬਣਾਉਣ ਅਤੇ ਸਰਕਾਰੀ ਸੇਵਾਵਾਂ ਲੋਕਾਂ ਦੇ ਘਰਾਂ ਤੱਕ ਪ੍ਰਦਾਨ ਕਰਨ ਲਈ, ਬਿਹਤਰੀਨ ਅਭਿਆਸਾਂ ਨੂੰ ਅਪਣਾਉਣ ਦੀ ਜਰੂਰਤ 'ਤੇ ਜ਼ੋਰ ਦਿੱਤਾ ਏ। ਚੰਡੀਗੜ੍ਹ ਵਿਖੇ ਅੱਜ ਮੋਟਰ ਵਾਹਨ ਵਿਭਾਗ ਬਾਰੇ ਆਲ ਇੰਡੀਆ ਫੈਡਰੇਸ਼ਨ ਦੀ ਟੈਕਨੀਕਲ ਐਗਜ਼ੀਕਿਊਟਿਵ ਆਫ਼ਿਸਰਜ਼ ਐਸੋਸੀਏਸ਼ਨ ਦੇ, 14 ਮੈਂਬਰੀ ਵਫ਼ਦ ਨਾਲ ਇਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਸੂਬਾ ਸਰਕਾਰ ਆਵਾਜਾਈ ਸੁਧਾਰ ਦੇ ਆਪਣੇ ਮੌਜੂਦਾ ਯਤਨਾਂ ਜਿਵੇਂ ਟਰਾਂਸਪੋਰਟ ਪ੍ਰਸ਼ਾਸਨ ਦੇ ਵੱਖ-ਵੱਖ ਪਹਿਲੂਆਂ ਨੂੰ ਬਿਹਤਰ ਬਣਾਉਣ ਅਤੇ ਸਭ ਨਾਗਰਿਕਾਂ ਲਈ ਸੁਰੱਖਿਅਤ ਸੜਕੀ ਆਵਾਜਾਈ

ਯਕੀਨੀ ਬਣਾਉਣ ਸਣੇ ਹੋਰਨਾਂ ਸੂਬਿਆਂ ਵੱਲੋਂ ਅਪਣਾਏ ਜਾਂਦੇ ਵਧੀਆ ਅਭਿਆਸਾਂ ਨੂੰ ਅਪਣਾਉਣ ਅਤੇ ਜਨਤਕ ਸੁਰੱਖਿਆ ਦੇ ਅਹਿਮ ਮੁੱਦੇ ਨਾਲ ਨਜਿੱਠਣ ਲਈ ਯਤਨਸ਼ੀਲ ਏ। ਮੀਟਿੰਗ ਦੌਰਾਨ ਸੂਬੇ ਵਿੱਚ ਲਾਇਸੈਂਸ, ਰਜਿਸਟ੍ਰੇਸ਼ਨ, ਫਿਟਨੈਸ
ਸਰਟੀਫਿਕੇਸ਼ਨ, ਇਨਫੋਰਸਮੈਂਟ, ਟੈਕਸੇਸ਼ਨ ਅਤੇ ਸੜਕ ਸੁਰੱਖਿਆ ਉਪਾਵਾਂ ਵਿੱਚ ਸੁਧਾਰ ਲਿਆਉਣ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ ਗਈ।

-------------------------------------------------

ਫਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਅਤੇ ਸ਼ੈਸਨ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਰੁਣ ਗੁਪਤਾ ਦੇ ਨਿਰਦੇਸ਼ ਹੇਠ ਚੀਫ ਜੂਡੀਸ਼ੀਅਲ ਮੈਜਿਸਟ੍ਰੇਟ ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀਪਤੀ ਗੋਇਲ ਨੇ ਨਵੀਂ ਜ਼ਿਲ੍ਹਾ ਜੇਲ੍ਹ ਨਾਭਾ ਦਾ ਵਿਸ਼ੇਸ਼ ਤੌਰ ਤੇ ਦੌਰਾ ਕੀਤਾ। ਉਨ੍ਹਾਂ ਜੇਲ੍ਹ ਅਧਿਕਾਰੀਆਂ ਦੇ ਨਾਲ ਜੇਲ੍ਹ ਦਾ ਨਿਰੀਖਣ ਕੀਤਾ ਅਤੇ ਕੈਦੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਜੇਲ੍ਹ ਅਧਿਕਾਰੀਆਂ ਨੂੰ ਨਿਰਦੇਸ਼

ਦਿੱਤੇ ਕਿ ਕੈਦੀਆਂ ਨੂੰ ਰੋਜ਼ਾਨਾ ਆਉਣ ਵਾਲੀਆਂ ਮੁਸ਼ਕਿਲਾਂ ਦਾ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇ। ਦੀਪਤੀ ਗੋਇਲ ਨੇ ਇਹ ਵੀ ਕਿਹਾ ਕਿ ਜੇਲ੍ਹ ਵਿੱਚ ਸਾਫ-ਸਫਾਈ ਦਾ ਵਿਸ਼ੇਸ਼ ਤੌਰ ਤੇ ਖਿਆਲ ਰੱਖਿਆ ਜਾਵੇ ਕਿਉਂਕਿ ਬਰਸਾਤ ਦੇ ਮੌਸਮ ਵਿੱਚ ਗੰਦਗੀ ਤੋਂ ਕਈ ਤਰ੍ਹਾਂ ਦੇ ਬੈਕਟੀਰੀਆ ਪੈਦਾ ਹੁੰਦੇ ਨੇ ਜਿਹੜੇ ਕਿ ਮਨੁੱਖੀ ਸਿਹਤ ਲਈ ਹਾਨੀਕਾਰਕ ਹੋ ਸਕਦੇ ਨੇ । ਉਨਾਂ ਕੈਦੀਆਂ ਲਈ ਬਣੇ ਪਖਾਨੇ, ਇਸ਼ਨਾਨ-ਘਰ, ਲੰਗਰ-ਘਰ ਅਤੇ ਪੀਣ ਵਾਲੇ ਪਾਣੀ ਦੇ ਸਰੋਤਾਂ ਦਾ ਦੌਰਾ ਕੀਤਾ ਅਤੇ ਬਣ ਰਹੇ ਖਾਣੇ ਦੀ ਗੁਣਵੱਤਾ ਦੀ ਵੀ ਜਾਂਚ ਕੀਤੀ। ਉਨ੍ਹਾਂ ਕੈਦੀਆਂ ਨੂੰ ਮੁਫਤ ਕਾਨੂੰਨੀ ਸਹਾਇਤਾ ਬਾਰੇ ਜਾਣੂ ਕਰਵਾਇਆ ਅਤੇ ਮੁਫਤ ਵਕੀਲ ਦੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ।

---------------------------------------------------------

ਪੰਜਾਬ ਭੂਮੀ ਤੇ ਜਲ ਸੰਭਾਲ ਵਿਭਾਗ ਦੇ ਸਬ- ਸਿਖਲਾਈ ਕੇਂਦਰ ਵਿਖੇ ਪ੍ਰਧਾਨ ਮੰਤਰੀ ਖੇਤੀਬਾੜੀ ਅਤੇ ਸਿੰਚਾਈ ਯੋਜਨਾ ਤਹਿਤ ਪਿੰਡਾਂ ਦੇ ਵਿਕਾਸ ਲਈ ਪਠਾਨਕੋਟ ਜ਼ਿਲੇ ਦੇ ਧਾਰ ਬਲਾਕ ਦੇ ਪਿੰਡਾਂ ਨੂੰ 1 ਕਰੋੜ 21 ਲੱਖ ਰੁਪਏ ਦੀ ਰਕਮ ਵੰਡੀ ਗਈ ਏ। ਜ਼ਿਲ੍ਹਾ ਭੂਮੀ ਤੇ

ਜਲ ਸੰਭਾਲ ਅਫ਼ਸਰ ਡਾ: ਗੁਰਪ੍ਰੀਤ ਸਿੰਘ, ਦਿੱਲੀ ਤੋਂ ਆਏ ਜਲ ਖੇਤਰ ਮਾਹਿਰ ਮਨਮੋਹਨ ਖੋਸਲਾ ਤੇ ਹੋਰ ਅਧਿਕਾਰੀਆਂ ਨੇ ਦੱਸਿਆ ਕਿ ਕਿਸਾਨਾਂ ਦੀਆਂ ਜ਼ਮੀਨਾਂ ਨੂੰ ਕਟਾਅ ਤੋਂ ਬਚਾਉਣ ਲਈ ਕੰਮ ਕਰ ਰਿਹਾ ਏ ਅਤੇ ਕੇਂਦਰ ਸਰਕਾਰ ਨੇ ਧਾਰ ਬਲਾਕ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਫੰਡ ਜਾਰੀ ਕੀਤੇ ਨੇ। ਡਾ: ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪਿੰਡ ਲਹਿਰਾਣਾ, ਬਖਤਪੁਰ, ਧਾਰ ਖੁਰਦ, ਪਾਤੜਾਂ ਅਤੇ ਦੁਨੇਰਾ ਦੇ ਪਿੰਡਾਂ ਨੂੰ ਪੁਰਾਣੇ ਖੂਹਾਂ ਦੀ ਮੁਰੰਮਤ, ਜ਼ਮੀਨ ਦੇ ਕਟਾਅ ਨੂੰ ਰੋਕਣ ਲਈ, ਰਿਟੇਨਿੰਗ ਦੀਵਾਰਾਂ ਬਣਾਉਣ ਅਤੇ ਹੋਰ ਵਿਕਾਸ ਕਾਰਜਾਂ ਲਈ ਕਰੀਬ 50 ਲੱਖ ਰੁਪਏ ਦੀ ਰਕਮ ਦਿੱਤੀ ਗਈ ਏ। ਉਕਤ ਪਿੰਡਾਂ ਦੀਆਂ ਵਾਟਰਸ਼ੈੱਡ ਕਮੇਟੀਆਂ ਨੂੰ ਚੈਕ ਦਿੱਤੇ ਗਏ ਨੇ। ਇਸੇ ਸਕੀਮ ਤਹਿਤ ਇਲਾਕੇ ਦੇ ਪਿੰਡਾਂ ਨੂੰ ਜ਼ਮੀਨ ਦੀ ਕਟਾਈ ਰੋਕਣ, ਰੇਨ ਹਾਰਵੈਸਟਿੰਗ ਸਿਸਟਮ ਦੀ ਉਸਾਰੀ, ਜਲ ਪ੍ਰਬੰਧਨ ਅਤੇ ਹੋਰ ਵਿਕਾਸ ਕਾਰਜਾਂ ਲਈ 71 ਲੱਖ ਰੁਪਏ ਦੇ ਚੈੱਕ ਦਿੱਤੇ ਜਾਣਗੇ।

------------------------------------------------------------

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਕੇਂਦਰੀ ਮੰਤਰੀ ਮੰਡਲ ਨੇ ਰਾਸ਼ਟਰੀ ਉਦਯੋਗਿਕ ਗਲਿਆਰਾ ਵਿਕਾਸ ਪ੍ਰੋਗਰਾਮ ਤਹਿਤ 12 ਨਵੇਂ ਗ੍ਰੀਨਫੀਲਡ ਉਦਯੋਗਿਕ ਸਮਾਰਟ ਸ਼ਹਿਰਾਂ ਨੂੰ ਮਨਜ਼ੂਰੀ ਦਿੱਤੀ, ਪੰਜਾਬ ਵਿਚ ਰਾਜਪੁਰਾ-ਪਟਿਆਲਾ ਵਿਖੇ ਇਕ ਹਜ਼ਾਰ 99 ਏਕੜ ਰਕਬੇ ਦਾ ਵਿਕਾਸ ਹੋਵੇਗਾ।
- ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਪ੍ਰਧਾਨ ਮੰਤਰੀ ਜਨ ਧਨ ਯੋਜਨਾ ਨੂੰ ਲੋਕਾਂ ਦਾ ਵੱਡਾ ਹੁੰਗਾਰਾ ਮਿਲਿਆ ਏ ਤੇ ਇਸ ਵੇਲੇ ਸੂਬੇ ਵਿਚ 91 ਲੱਖ 81 ਹਜ਼ਾਰ ਤੋਂ ਵੱਧ ਜਨ ਧਨ ਖਾਤੇ ਮੌਜੂਦ ਨੇ।
- ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਂਟੀ ਨਾਰਕੋਟਿਕਸ ਟਾਸਕ ਫੋਰਸ ਦਾ ਨਵਾਂ ਦਫ਼ਤਰ ਸਮਰਪਿਤ ਕੀਤਾ ਅਤੇ ਨਸ਼ਾ ਵਿਰੋਧੀ ਹੈਲਪਲਾਈਨ ਤੇ ਵਟਸਐਪ ਚੈਟਬੋਟ ਦੀ ਸ਼ੁਰੂਆਤ ਕੀਤੀ।
- ਪ੍ਰਧਾਨ ਮੰਤਰੀ ਖੇਤੀਬਾੜੀ ਤੇ ਸਿੰਚਾਈ ਯੋਜਨਾ ਤਹਿਤ ਪਠਾਨਕੋਟ ਜ਼ਿਲੇ ਦੇ ਧਾਰ ਬਲਾਕ ਦੇ ਪਿੰਡਾਂ ਦੇ ਵਿਕਾਸ ਲਈ 1 ਕਰੋੜ 21 ਲੱਖ ਰੁਪਏ ਦੀ ਰਕਮ ਵੰਡੀ ਗਈ।